# ਪੰਜਾਬੀ ਵਿਕਾਸ ਮੰਚ (ਕਾਨੂੰਨੀ)

(ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਦੀ ਸ਼ਾਖਾ)

ਹਵਾਲਾ ਨੰ:.......................... ਮਿਤੀ :..

**ਕਾਨੂੰਨੀ ਸਲਾਹਕਾਰ / ਵਕੀਲ**

**ਸ੍ਰੀ ਹਰੀ ਚੰਦ ਅਰੋੜਾ**
ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ
ਮੋ.: 98140-13764

**ਸ੍ਰੀ ਹਰੀਸ਼ ਰਾਏ ਢਾਂਡਾ**
ਲੁਧਿਆਣਾ
ਮੋ.: 98141-20300

**ਸ੍ਰੀ ਮਿੱਤਰ ਸੈਨ ਮੀਤ**
ਲੁਧਿਆਣਾ
ਮੋ.: 98556-31777

**ਸੰਚਾਲਕ**

**ਸ੍ਰ ਦਵਿੰਦਰ ਸਿੰਘ ਸੇਖਾ**
ਮੋ.: 98140-70581

**ਪ੍ਰੋ ਇੰਦਰਪਾਲ ਸਿੰਘ**
ਮੋ.: 82838-11912

**ਸ੍ਰ ਸੁਖਇੰਦਰ ਪਾਲ ਸਿੰਘ**
ਮੋ.: +1 (780) 884 0788

**ਸ੍ਰ ਆਰ. ਪੀ. ਸਿੰਘ**
ਮੋ.: 97790 48083


ਵੱਲ

ਮੁੱਖ ਕਮਿਸ਼ਨਰ
ਪੰਜਾਬ ਰਾਜ ਸੂਚਨਾ ਕਮਿਸ਼ਨ
ਚੰਡੀਗੜ੍ਹ।

ਨੰ:ਪ.ਭ.ਪ.ਭ./1-6
ਮਿਤੀ:14.03.2022

ਵਿਸ਼ਾ: ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਹੁਕਮ ਮਿਤੀ 05 ਸਤੰਬਰ 2018 ਅਤੇ ਮਿਤੀ 25.11.2019 ਦੀ ਪਾਲਣਾ ਹਿਤ ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਕੀਤੇ ਜਾਂਦੇ ਸਾਰੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਅਤੇ ਕਮਿਸ਼ਨ ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਾਉਣ ਸਬੰਧੀ ਬੇਨਤੀ।

ਸ੍ਰੀ ਮਾਨ ਸ੍ਰੀ ਸੁਰੇਸ਼ ਕੁਮਾਰ ਅਰੋੜਾ ਜੀ,

ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਲਈ ਯਤਨਸ਼ੀਲ ਇਕ ਸੰਸਥਾ ਹੈ। ਪੰਜਾਬੀ ਵਿਕਾਸ ਮੰਚ ਪੰਜਾਬੀ ਭਾਸ਼ਾ ਨੂੰ ਦਰਪੇਸ਼ ਸਮੱਸਿਆਵਾਂ ਨੂੰ ਕਾਨੂੰਨ ਦੀਆਂ ਵਿਵਸਥਾਵਾਂ ਰਾਹੀਂ ਸਲਝਾਉਣ ਲਈ ਸਥਾਪਤ ਕੀਤੀ ਗਈ ਇਸ ਅਦਾਰੇ ਦੀ ਇਕ ਸ਼ਾਖਾ ਹੈ।

ਮੰਚ ਵਲੋਂ ਪਹਿਲਾਂ, ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨਾਲ ਸਬੰਧਤ ਕੁਝ ਕਾਨੂੰਨੀ ਵਿਵਸਥਾਵਾਂ, ਪੰਜਾਬ ਸਰਕਾਰ ਦੇ ਹੁਕਮ ਅਤੇ ਤੱਥ, ਨਿਮਰਤਾ ਸਹਿਤ, ਵਿਚਾਰ ਅਤੇ ਯੋਗ ਕਾਰਵਾਈ ਲਈ ਆਪ ਜੀ ਦੇ ਧਿਆਨ ਵਿਚ ਲਿਆਂਦੇ ਜਾ ਰਹੇ ਹਨ:

**ਭਾਗ ੳ-ਪੰਜਾਬੀ ਨੂੰ ਰਾਜ ਭਾਸ਼ਾ ਦਾ ਦਰਜਾ ਦੇਣ ਵਾਲੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਮਹੱਤਵਪੂਰਨ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦਾ ਮਿਤੀ 05**


PUNJABI VIKAS MANCH (LEGAL)
(A WING OF PUNJABI BHASHA PASAAR BHAICHARA)
E-mail : punjabivmanch@gmail.com Website : https://punjabibpb.in
ਮੁੱਖ ਦਫਤਰ : 297, ਗਲੀ ਨੰ. 5, ਉਪਕਾਰ ਨਗਰ, ਸਿਵਿਲ ਲਾਈਨਜ਼, ਲੁਧਿਆਣਾ - 141001

**ਸਤੰਬਰ 2018 ਦਾ ਮੁੱਢਲਾ ਹੁਕਮ**

**ਪਹਿਲਾਂ** ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਹੇਠ ਲਿਖੀਆਂ ਕੁਝ ਮਹੱਤਵਪੂਰਨ ਵਿਵੱਸਥਾਵਾਂ ਵੱਲ ਦਿਵਾਇਆ ਜਾਂਦਾ ਹੈ:

1. 54 ਸਾਲ ਪਹਿਲਾਂ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 3 ਰਾਹੀਂ, **ਪੰਜਾਬੀ ਭਾਸ਼ਾ ਨੂੰ ਪੰਜਾਬ ਰਾਜ ਦੀ ਰਾਜ ਭਾਸ਼ਾ** ਦਾ ਦਰਜਾ ਦਿੱਤਾ ਗਿਆ ਸੀ। ਸਾਲ 2008 ਵਿਚ 'ਰਾਜ ਭਾਸ਼ਾ (ਤਰਮੀਮ) ਐਕਟ 2008' ਰਾਹੀਂ ਇਸ ਐਕਟ ਵਿਚ ਮਹੱਤਵਪੂਰਨ ਸੋਧਾਂ ਹੋਈਆਂ। ਨਵੀਂ ਜੋੜੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

**"ਧਾਰਾ 3(ਅ) - ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਅਦਾਰਿਆਂ ਦੇ ਦਫ਼ਤਰਾਂ ਆਦਿ ਵਿਚ ਪੰਜਾਬੀ ਦੀ ਵਰਤੋਂ ਬਾਰੇ**

**"ਧਾਰਾ 3(ਅ):** ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।"

2. 2008 ਦੇ ਇਸੇ ਸੋਧ ਐਕਟ ਦੀ ਧਾਰਾ 3-ਏ(1) ਰਾਹੀਂ: ਅਦਾਲਤਾਂ ਅਤੇਂ ਟ੍ਰਿਬਿਊਨਲਾਂ ਵਿਚ ਪੰਜਾਬੀ ਦੀ ਵਰਤੋਂ ਨੂੰ ਲਾਜਮੀ ਕਰਾਰ ਕੀਤਾ ਗਿਆ ਸੀ:

ਇਸ ਧਾਰਾ ਦੀ ਇਬਾਰਤ ਹੈ:

**'3-ਏ (1): ਅਦਾਲਤਾਂ ਅਤੇ ਟ੍ਰਿਬਿਊਨਲਾਂ ਵਿਚ ਪੰਜਾਬੀ ਦੀ ਵਰਤੋਂ**: ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤਹਿਤ ਸਾਰੀਆਂ ਦੀਵਾਨੀ ਅਤੇ ਫੌਜਦਾਰੀ ਅਦਾਲਤਾਂ, ਸਾਰੀਆਂ ਮਾਲੀ ਅਦਾਲਤਾਂ ਅਤੇ ਕਿਰਾਇਆ ਟ੍ਰਿਬਿਊਨਲਾਂ ਜਾਂ ਪੰਜਾਬ ਸਰਕਾਰ ਵੱਲੋਂ ਗਠਿਤ ਕੀਤੀਆਂ ਹੋਰ ਸਾਰੀਆਂ ਅਦਾਲਤਾਂ ਜਾਂ ਟ੍ਰਿਬਿਊਨਲਾਂ ਵਿਚ ਕੰਮ ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।'

3. 2008 ਦੇ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ, ਡਾਇਰੈਕਟਰ ਭਾਸ਼ਾ ਵਿਭਾਗ (ਅਤੇ ਅਗਾਂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ) ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ, ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੁੰਦਾ ਹੈ ਜਾਂ ਨਹੀਂ, ਇਸ ਤੱਥ ਦੀ ਪੜਤਾਲ ਕਰਨ ਦਾ ਅਧਿਕਾਰ ਦਿੱਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

**"ਧਾਰਾ 8 (ੳ): ਸਮੀਖਿਆ ਦਾ ਅਧਿਕਾਰ:** ਡਾਇਰੈਕਟਰ ਭਾਸ਼ਾ ਵਿਭਾਗ ਜਾਂ ਉਸ ਦੇ ਅਧੀਨ ਅਤੇ ਇਸ ਮੰਤਵ ਲਈ ਉਸ ਵੱਲੋਂ ਨਾਮਜ਼ਦ ਕੀਤੇ ਗਏ ਅਫਸਰਾਂ ਕੋਲ ਇਸ ਐਕਟ ਦੀਆਂ ਧਾਰਾਵਾਂ 3(ੳ) ਅਤੇ 3(ਅ) ਦੀ ਪਾਲਣਾ ਦਾ ਪਤਾ ਲਗਾਉਣ ਵਾਸਤੇ ਰਾਜ ਸਰਕਾਰ ਦੇ ਸਰਕਾਰੀ ਦਫ਼ਤਰਾਂ, ਜਨਤਕ ਅਦਾਰਿਆਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਆਦਿ ਦਫ਼ਤਰਾਂ ਦਾ ਮੁਆਇਨਾ ਕਰਨ ਦਾ ਅਧਿਕਾਰ ਹੋਵੇਗਾ। ਦਫ਼ਤਰ ਦਾ ਦਫ਼ਤਰੀ ਰਿਕਾਰਡ ਰੱਖਣ ਵਾਲੇ ਅਫ਼ਸਰ ਆਪਣੇ ਕਬਜੇ ਹੇਠਲਾ ਸਾਰਾ ਰਿਕਾਰਡ ਮੁਆਇਨਾ ਕਰਨ ਵਾਲੇ ਡਾਇਰੈਕਟਰ ਜਾਂ ਅਫ਼ਸਰ ਨੂੰ ਮੁਹੱਈਆ ਕਰਾਉਣਗੇ।"

4. ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ, ਉਹਨਾਂ ਕਰਮਚਾਰੀਆਂ/ ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵਸਥਾ ਵੀ ਕੀਤੀ ਗਈ ਹੈ ਜੋ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ। ਇਸ ਵਿਵਸਥਾ ਦੀ ਇਬਾਰਤ ਇਹ ਹੈ:

"**ਧਾਰਾ 8(ਸ) ਸਜ਼ਾਵਾਂ-** ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਐਕਟ ਦੀਆਂ ਧਾਰਾਵਾਂ ਜਾਂ ਇਹਨਾਂ ਤਹਿਤ ਕੀਤੇ ਨੋਟੀਫਿਕੇਸ਼ਨਾਂ ਦੀ ਵਾਰ ਵਾਰ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਹ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮ, 1970 ਦੇ ਤਹਿਤ ਕਾਰਵਾਈ ਕੀਤੇ ਜਾਣ ਦਾ ਭਾਗੀ ਹੋਵੇਗਾ।"

ਉਪਰੋਕਤ ਉਪ ਧਾਰਾ (1) ਤਹਿਤ ਕਸੂਰਵਾਰ ਅਧਿਕਾਰੀ ਜਾਂ ਕਰਮਚਾਰੀ ਵਿਰੁੱਧ ਸਬੰਧਤ ਕੰਪੀਟੈਂਟ ਅਥਾਰੱਟੀ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੀਆਂ ਸਿਫਾਰਸ਼ਾਂ ਅਨੁਸਾਰ ਕਰੇਗੀ।

ਬਸ਼ਰਤੇ ਕਿ ਅਜਿਹੀ ਕਾਰਵਾਈ ਤੋਂ ਪਹਿਲਾਂ ਸਬੰਧਤ ਅਧਿਕਾਰੀ ਜਾਂ ਕਰਮਚਾਰੀ ਨੂੰ ਸੁਣੇ ਜਾਣ ਦਾ ਮੌਕਾ ਦਿੱਤਾ ਜਾਵੇਗਾ।'

5. ਪੰਜਾਬ ਸਰਕਾਰ ਵੱਲੋਂ ਇਹ ਕਾਨੂੰਨ ਤਾਂ ਬਣਾ ਦਿੱਤੇ ਗਏ ਪਰ ਇਹਨਾਂ ਤੇ ਅਮਲ ਨਹੀਂ ਹੋਇਆ। ਉਲਟਾ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਵੱਧ ਕੰਮ-ਕਾਜ ਹੋਣ ਲੱਗ ਪਿਆ। ਪੰਜਾਬੀ ਭਾਸ਼ਾ ਨਾਲ ਹੁੰਦੀ ਇਸ ਜ਼ਿਆਦਤੀ ਵਿਰੁੱਧ ਕੁਝ ਸੰਸਥਾਵਾਂ ਨੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਇਹਨਾਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਦਬਾਅ ਪਾਇਆ। ਦਬਾਅ ਹੇਠ ਆਈ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨਿਕ ਅਧਿਕਾਰੀਆਂ ਲਈ ਮਿਤੀ 05.09.2018 ਨੂੰ ਇੱਕ ਹੁਕਮ ਜਾਰੀ ਕੀਤਾ ਅਤੇ ਹਦਾਇਤ ਕੀਤੀ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ।' ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ **ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ** ਦਾ ਸਮੁੱਚਾ ਦਫ਼ਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, **ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।"**

6. ਇਸ ਮਹੱਤਵਪੂਰਨ ਹੁਕਮ ਰਾਹੀਂ ਪੰਜਾਬ ਸਰਕਾਰ ਨੇ ਆਪਣੇ ਦਫ਼ਤਰਾਂ ਦੇ ਮੁਖੀਆਂ ਨੂੰ ਇਹ ਹਦਾਇਤ ਵੀ ਜਾਰੀ ਕੀਤੀ ਹੈ ਕਿ ਉਹ ਆਪਣੀਆਂ ਇੰਟਰਨੈਟ ਤੇ ਪਾਈਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ, ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ ਉਪਲਬਧ ਕਰਾਉਣ। ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਰਾਹੀਂ ਚਲਾਈਆਂ ਜਾ ਰਹੀਆਂ ਸਕੀਮਾਂ ਜ਼ਿਆਦਾਤਰ ਪੰਜਾਬ ਦੀ ਆਮ ਜਨਤਾ ਲਈ ਹੀ ਹਨ। ਇਸ ਲਈ ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ **ਆਪਣੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ (ਭਾਵ ਦੋਨੋਂ ਭਾਸ਼ਾਵਾਂ ਵਿਚ) ਤਿਆਰ ਕਰਕੇ ਅਪਲੋਡ ਕਰਨ ਤਾਂ ਜੋ ਪੰਜਾਬ ਵਾਸੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।"**

ਨੋਟ: ਕਿਸੇ ਵਿਭਾਗ ਵੱਲੋਂ ਆਪਣੀ ਵੈਬਸਾਈਟ ਤੇ ਉਪਲਬਧ ਕਰਾਈ ਗਈ ਸੂਚਨਾ ਉਸ ਦੇ 'ਦਫ਼ਤਰੀ ਕੰਮ ਕਾਜ' ਦਾ ਹਿੱਸਾ ਹੈ।

7. ਪੰਜਾਬ ਸਰਕਾਰ ਵਲੋਂ ਆਪਣੇ ਹੁਕਮ ਮਿਤੀ 05.09.2018 ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਮਿਤੀ 25.11.2019 ਨੂੰ ਇਕ ਨਵਾਂ ਹੁਕਮ ਜਾਰੀ ਕੀਤਾ ਗਿਆ ਹੈ।

**ਭਾਗ ਅ- ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀਆਂ ਉਲੰਘਣਾਵਾਂ ਦੀਆਂ ਉਦਾਹਰਣਾਂ**

1. ਹਰ ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਧਿਰਾਂ ਨੂੰ ਭੇਜੇ ਜਾਂਦੇ ਨੋਟਿਸ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਭੇਜੇ ਜਾਂਦੇ ਹਨ।
2. ਹਰ ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਸੁਣਾਏ ਜਾਂਦੇ ਸਾਰੇ ਹੁਕਮ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਲਿਖੇ ਜਾਂਦੇ ਹਨ।
3. ਹਰ ਪੰਜਾਬ ਰਾਜ ਸੂਚਨਾ ਕਮਿਸ਼ਨ ਵਲੋਂ ਬਾਕੀ ਦਫਤਰੀ ਕੰਮ ਕਾਜ ਵੀ, ਜਿਵੇਂ ਕਿ 'ਕੰਮ ਕਾਜ ਦੀ ਜਾਣਕਾਰੀ' (cause list) ਕੇਵਲ ਅੰਗਰੇਜ਼ੀ ਭਾਸ਼ਾ ਵਿਚ ਕੀਤਾ ਜਾਂਦਾ ਹੈ।
4. ਪੰਜਾਬ ਸਰਕਾਰ ਵੱਲੋਂ ਆਪਣੇ ਸਰਕਾਰੀ ਵਿਭਾਗਾਂ ਅਤੇ ਅਦਾਰਿਆਂ ਨੂੰ ਆਪਣੀਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਾਉਣ ਲਈ ਜਾਰੀ ਕੀਤੇ ਗਏ ਹੁਕਮ (ਮਿਤੀ 05.09.2018) ਦੇ ਕਰੀਬ ਸਾਢੇ ਤਿੰਨ ਸਾਲ ਲੰਘ ਜਾਣ ਦੇ ਬਾਵਜੂਦ ਵੀ ਪੰਜਾਬ ਰਾਜ ਸੂਚਨਾ ਕਮਿਸ਼ਨ ਦੀ ਵੈਬਸਾਈਟ ਹਾਲੇ ਵੀ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੈ।

**ਭਾਗ ੲ- ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਚੇਅਰਮੈਨ ਸਾਹਿਬ ਨੂੰ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀ ਇੰਨ-ਬਿੰਨ ਪਾਲਣਾ ਕਰਨ ਲਈ ਬੇਨਤੀ।**

1. ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਧਿਰਾਂ ਨੂੰ ਜਾਰੀ ਕੀਤੇ ਜਾਂਦੇ ਨੋਟਿਸਾਂ, ਲਿਖੇ ਜਾਂਦੇ ਫੈਸਲਿਆਂ ਦੀ ਭਾਸ਼ਾ ਪੰਜਾਬੀ ਕੇਵਲ ਪੰਜਾਬੀ ਹੋਵੇ। ਜਿੱਥੇ ਲੋੜ ਹੋਵੇ ਉੱਥੇ ਪੰਜਾਬੀ ਦੇ ਨਾਲ-ਨਾਲ ਅੰਗਰੇਜ਼ੀ ਭਾਸ਼ਾ ਦੀ ਵਰਤੋਂ ਕੀਤੀ ਜਾ ਸਕਦੀ ਹੈ।
2. ਪੰਜਾਬ ਰਾਜ ਸੂਚਨਾ ਕਮਿਸ਼ਨ ਵਿਚ ਹੁੰਦਾ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਕੀਤਾ ਜਾਵੇ।
3. ਪੰਜਾਬ ਰਾਜ ਸੂਚਨਾ ਕਮਿਸ਼ਨ ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਵੀ ਉਪਲਬਧ ਕਰਵਾਈ ਜਾਵੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

(ਮਿੱਤਰ ਸੈਨ ਮੀਤ) (ਦਵਿੰਦਰ ਸਿੰਘ ਸੇਖਾ) (ਆਰ.ਪੀ.ਸਿੰਘ)

ਉਪਰੋਕਤ ਦਾ ਉਤਾਰਾ ਨਿਮਰਤਾ ਸਹਿਤ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਲਈ ਭੇਜਿਆ ਜਾਂਦਾ ਹੈ:

1. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
2. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ। cs@punjab.gov.in
3. ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। pshe@punjab.gov.in;
4. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ। pblanguages@hotmail.com
5. ਜਿਲਾ ਭਾਸ਼ਾ ਅਫਸਰ ਚੰਡੀਗੜ੍ਹ